# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ : 05-04-2026**

ਪੈਟਰੋਲੀਅਮ ਤੇ ਕੁਦਰਤੀ ਗੈਸ ਮੰਤਰੀ ਹਰਦੀਪ ਸਿੰਘ ਪੁਰੀ ਨੇ ਕਿਹਾ ਏ ਕਿ ਭਾਰਤ ਈਰਾਨ ਸਮੇਤ 40 ਤੋਂ ਵੱਧ ਦੇਸ਼ਾਂ ਤੋਂ ਕੱਚਾ ਤੇਲ ਦਰਾਮਦ ਕਰ ਰਿਹਾ ਏ , ਤੇ ਈਰਾਨੀ ਕੱਚਾ ਤੇਲ ਖਰੀਦਣ ਵਿੱਚ ਅਦਾਇਗੀ ਦੀ ਕੋਈ ਸਮੱਸਿਆ ਨਹੀਂ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਪੁਰੀ ਨੇ ਉਹਨਾਂ ਰਿਪੋਰਟਾਂ ਤੇ ਸੋਸ਼ਲ ਮੀਡੀਆ ਦਾਅਵਿਆਂ ਨੂੰ ਖਾਰਜ ਕਰ ਦਿੱਤਾ ਜਿਨਾਂ ਵਿੱਚ ਕਿਹਾ ਗਿਆ ਸੀਂ ਕਿ ਭੁਗਤਾਨ ਸਮੱਸਿਆਵਾਂ ਕਾਰਨ ਭਾਰਤ ਦੇ ਵਾਡੀਨਾਰ ਤੋਂ ਇੱਕ ਈਰਾਨੀ ਕੱਚੇ ਤੇਲ ਦੇ ਕਰਗੋ ਨੂੰ ਚੀਨ ਭੇਜਿਆ ਗਿਆ ਏ । ਉਨ੍ਹਾਂ ਅਜਿਹੀਆਂ ਰਿਪੋਰਟਾਂ ਨੂੰ ਤੱਥਾਂ ਅਨੁਸਾਰ ਗਲਤ ਦੱਸਿਆ । ਮੰਤਰੀ ਨੇ ਕਿਹਾ ਕਿ ਪੱਛਮੀ ਏਸ਼ੀਆ ਵਿੱਚ ਸਪਲਾਈ ਵਿਘਨ ਵਿਚਾਲੇ ਭਾਰਤੀ ਰਿਫਾਇਨਰਾਂ ਨੇ ਈਰਾਨ ਸਮੇਤ ਕਈ ਸਰੋਤਾਂ ਤੋਂ ਆਪਣੀਆਂ ਕੱਚੇ ਤੇਲ ਦੀਆਂ ਜ਼ਰੂਰਤਾਂ ਨੂੰ ਸਫਲਤਾਪੂਰਵਕ ਸੁਰੱਖਿਅਤ ਕੀਤਾ ਏ । ਸ਼੍ਰੀ ਪੁਰੀ ਨੇ ਕਿਹਾ, ਕਿ ਬਿੱਲ ਆਫ਼ ਲੈਡਿੰਗ ਅਕਸਰ ਅਸਥਾਈ ਮੰਜ਼ਿਲਾਂ ਦਾ ਜ਼ਿਕਰ

ਕਰਦੇ ਨੇ , ਅਤੇ ਕਾਰਗੋ ਜਹਾਜ਼ ਸੰਚਾਲਨ ਜਾਂ ਵਪਾਰਕ ਕਾਰਨਾਂ ਕਰਕੇ ਆਵਾਜਾਈ ਦੌਰਾਨ ਰਸਤਾ ਬਦਲ ਸਕਦੇ ਨੇ ।

------------------------------------------------------------

ਪੰਜਾਬ ਪੁਲਿਸ ਦੇ ਕਾਊਂਟਰ ਇੰਟੈਲੀਜੈਂਸ ਵਿੰਗ ਨੇ ਚੰਡੀਗੜ੍ਹ ਪੁਲਿਸ ਨਾਲ ਸਾਂਝੇ ਆਪ੍ਰੇਸ਼ਨ ਤਹਿਤ ਚੰਡੀਗੜ੍ਹ ਚ ਪੰਜਾਬ ਭਾਜਪਾ ਦਫ਼ਤਰ ਤੇ ਹੋਏ ਗ੍ਰਨੇਡ ਹਮਲੇ ਦੇ ਮਾਮਲੇ ਵਿਚ ਸ਼ਾਮਲ ਪੰਜ ਮੁਲਜ਼ਮਾਂ ਨੂੰ ਹੱਥ ਗੋਲੇ, ਪਿਸਤੌਲ ਤੇ ਹੋਰ ਗੋਲੀ-ਸਿੱਕੇ ਨਾਲ ਗ੍ਰਿਫ਼ਤਾਰ ਕੀਤਾ ਏ । ਇਸ ਬਾਰੇ ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਇਸ ਮਾਡਿਊਲ ਨੂੰ ਪਾਕਿਸਤਾਨ ਦੀ ਆਈ.ਐਸ.ਆਈ. ਦਾ ਸਮਰਥਨ ਪ੍ਰਾਪਤ ਸੀ ਤੇ ਇਹ ਪੁਰਤਗਾਲ ਤੇ ਜਰਮਨੀ ਵਿੱਚ ਸਥਿਤ ਵਿਦੇਸ਼ੀ ਹੈਂਡਲਰਾਂ ਦੇ ਨਿਰਦੇਸ਼ਾਂ ਹੇਠ ਕੰਮ ਕਰਦਾ ਸੀ । ਗ੍ਰਿਫ਼ਤਾਰ ਕੀਤੇ ਵਿਅਕਤੀਆਂ ਦੀ ਪਛਾਣ ਜਿਲਾ ਐਸ.ਬੀ.ਐਸ. ਨਗਰ ਦੇ ਵਾਸੀ ਬਲਵਿੰਦਰ ਲਾਲ, ਜਸਵੀਰ ਸਿੰਘ, ਚਰਨਜੀਤ ਸਿੰਘ ਤੇ ਸ਼ਿਮਲਾ ਦੇ ਰੂਬਲ ਚੌਹਾਨ ਤੇ ਧੂਰੀ ਦੇ ਮਨਦੀਪ ਵਜੋਂ ਹੋਈ ਏ । ਡੀਜੀਪੀ ਨੇ ਕਿਹਾ ਕਿ ਹਮਲੇ ਵਿੱਚ ਸ਼ਾਮਲ ਦੋ ਮੁੱਖ ਦੋਸ਼ੀਆਂ ਦੀ ਵੀ ਪਛਾਣ ਕੀਤੀ ਗਈ ਏ । ਉਨ੍ਹਾਂ ਅੱਗੇ ਕਿਹਾ ਕਿ ਇਸ ਮਾਮਲੇ ਵਿਚ ਅਗਲੇਰੀ ਜਾਂਚ ਜਾਰੀ ਏ ।

------------------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਏ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਕਣਕ ਖਰੀਦਣ ਲਈ ਵਚਨਬੱਧ ਏ। ਸੂਬਾ ਸਰਕਾਰ ਹਰ ਪਿੰਡ ਤੇ ਸ਼ਹਿਰ ਨੂੰ ਜੋੜਨ ਵਾਲੇ ਵਿਕਾਸ ਮਾਡਲ ਰਾਹੀਂ ਪੰਜਾਬ ਨੂੰ ਦੇਸ਼ ਦਾ ਮੋਹਰੀ ਸੂਬਾ ਬਣਾਉਣ ਵੱਲ ਲਗਾਤਾਰ ਅੱਗੇ ਵਧ ਰਹੀ ਏ। ਕਲ ਮੋਗਾ ਵਿਚ ਕਈ ਵਿਕਾਸ ਪ੍ਰਾਜੈਕਟਾਂ ਦਾ ਨੀਂਹ ਪੱਥਰ ਰੱਖਣ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਵਲੋਂ ਮਿਲ ਰਿਹਾ ਭਰਵਾਂ ਹੁੰਗਾਰਾ ਤੇ ਭਾਰੀ ਜਨਤਕ ਭਾਗੀਦਾਰੀ ਸਰਕਾਰ ਦੇ ਇਮਾਨਦਾਰ ਤੇ ਸਾਫ਼-ਸੁਥਰੀ ਰਾਜਨੀਤੀ ਵਿਚ ਵਧ ਰਹੇ ਲੋਕਾਂ ਦੇ ਭਰੋਸਾ ਦਾ ਪ੍ਰਤੱਖ ਪ੍ਰਮਾਣ ਏ। ਇਹਨਾਂ ਵਿਕਾਸ ਪ੍ਰੋਜੈਕਟਾਂ ਵਿੱਚ ਬਿਜਲੀ ਪ੍ਰੋਜੈਕਟ, ਨਗਰ ਨਿਗਮ ਸੜਕਾਂ ਦੀ ਮੁਰੰਮਤ ਤੇ ਪ੍ਰਮੁੱਖ ਸੜਕਾਂ ਦਾ ਅਪਗ੍ਰੇਡੇਸਨ ਸਾਮਲ ਨੇ । ਇਸ ਮੌਕੇ ਉਨ੍ਹਾਂ ਰੰਗਲਾ ਤੇ ਜੀਵੰਤ ਪੰਜਾਬ ਬਣਾਉਣ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਦੁਹਰਾਈ। ਇਸੇ ਦੌਰਾਨ ਮੁੱਖ ਮੰਤਰੀ ਨੇ ਫਰੀਦਕੋਟ ਵਿਖੇ ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਜ ਵਿਖੇ ਐਡਵਾਂਸਡ ਕੈਂਸਰ ਇੰਸਟੀਚਿਊਟ ਦਾ ਅਚਾਨਕ ਨਿਰੀਖਣ ਕੀਤਾ ਤੇ ਬੁਨਿਆਦੀ ਢਾਂਚੇ, ਤਕਨਾਲੋਜੀ ਤੇ ਮਨੁੱਖੀ ਸਕਤੀ ਦੇ ਵਿਆਪਕ ਸੁਧਾਰ ਦੇ ਆਦੇਸ ਦਿੱਤੇ।

---------------------------------------------------

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਪੰਜਾਬ ਵਾਸੀਆਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ ਦਾ ਵੱਧ ਤੋਂ ਵੱਧ ਲਾਭ ਉਠਾਉਣ ਲਈ ਆਪਣੇ ਸਿਹਤ ਕਾਰਡ ਤੁਰੰਤ ਬਣਵਾਉਣ ਦੀ ਅਪੀਲ ਕੀਤੀ ਏ। ਸਿਹਤ ਮੰਤਰੀ ਨੇ ਪਟਿਆਲਾ ਦਿਹਾਤੀ ਹਲਕੇ ਦੇ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਣ ਲਈ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ, ਤੇ ਵਿਕਾਸ ਕਾਰਜਾਂ ਨਾਲ ਜੁੜੇ ਅਧਿਕਾਰੀਆਂ ਨਾਲ ਬੈਠਕ ਕਰਦਿਆਂ ਸਰਕਾਰੀ ਮੁਲਾਜਮਾਂ ਨੂੰ ਸਿਹਤ ਕਾਰਡ ਬਣਵਾ ਕੇ ਆਮ ਲੋਕਾਂ ਲਈ ਰੋਲ ਮਾਡਲ ਬਣਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਇੱਕ ਲੱਖ ਬੱਚਾ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਪੜ੍ਹਦਾ ਏ, ਜਿਸ ਲਈ ਅਧਿਆਪਕ ਆਪਣੇ ਕਾਰਡ ਵੀ ਬਣਵਾਉਣ ਅਤੇ ਵਿਦਿਆਰਥੀਆਂ ਦੇ ਮਾਪਿਆਂ ਦੇ ਵੀ ਕਾਰਡ ਬਣਾਉਣ ਲਈ ਉਨ੍ਹਾਂ ਨੂੰ ਪ੍ਰੇਰਿਤ ਕਰਨ।

---------------------------------------------------

ਟਿਕਾਊ ਖੇਤੀਬਾੜੀ ਵੱਲ ਮਹੱਤਵਪੂਰਨ ਕਦਮ ਚੁੱਕਦਿਆਂ ਪੰਜਾਬ ਰਾਜ ਖੁਰਾਕ ਕਮਿਸ਼ਨ ਨੇ ਆਰ ਈ: ਜੈਨਰੇਟਿੰਗ ਪੰਜਾਬ ਦੇ ਸਹਿਯੋਗ

ਨਾਲ "ਮਿੱਟੀ ਤੋਂ ਥਾਲੀ ਸੈਮੀਨਾਰ ਕਰਵਾਇਆ ਗਿਆ, ਜਿਸ ਦਾ ਉਦੇਸ਼ ਰਾਜ ਭਰ ਵਿੱਚ ਮਿੱਟੀ ਦੀ ਸਿਹਤ ਨੂੰ ਬਹਾਲ ਕਰਨਾ ਤੇ ਖੇਤੀ ਪ੍ਰਣਾਲੀ ਨੂੰ ਮਜ਼ਬੂਤ ਬਣਾਉਣਾ ਏ। ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਨੇ ਮਿੱਟੀ ਦੀ ਘਟਦੀ ਉਪਜਾਊ ਸ਼ਕਤੀ, ਭੂਮੀਗਤ ਪਾਣੀ ਦੀ ਕਮੀ ਤੇ ਵਾਤਾਵਰਣੀ ਚੁਣੌਤੀਆਂ ਨਾਲ ਨਜਿੱਠਣ ਲਈ ਸਾਂਝੀ ਪਹੁੰਚ ਦੀ ਲੋੜ 'ਤੇ ਜ਼ੋਰ ਦਿੱਤਾ। ਸੈਮੀਨਾਰ ਵਿੱਚ ਪੰਜਾਬ, ਅਮਰੀਕਾ ਤੇ ਬਰਤਾਨੀਆ ਤੋਂ ਆਏ ਲਗਭਗ ਡੇਢ ਦਰਜਨ ਮਾਹਿਰਾਂ ਅਤੇ ਚੁਣਵੇਂ ਕਿਸਾਨਾਂ ਨੇ ਭਾਗ ਲਿਆ ਤੇ ਆਪਣੇ ਵਿਚਾਰ ਸਾਂਝੇ ਕੀਤੇ ।ਇਸ ਦੌਰਾਨ ਔਰਗੈਨਿਕ ਖੇਤੀ, ਬਦਲਵਾਂ ਫਸਲੀ ਚੱਕਰ, ਗੰਡੋਇਆ ਅਧਾਰਿਤ ਖਾਦ, ਮਿੱਟੀ ਵਿੱਚ ਜੈਵਿਕ ਕਾਰਬਨ, ਪਾਣੀ ਦੀ ਸਮਝਦਾਰ ਵਰਤੋਂ, ਫੂਡ ਪ੍ਰੋਸੈਸਿੰਗ ਤੇ ਨਿਰਯਾਤ ਵਰਗੇ ਅਹਿਮ ਮਸਲਿਆਂ 'ਤੇ ਵਿਸਥਾਰ ਨਾਲ ਵਿਚਾਰ ਚਰਚਾ ਹੋਈ ।

---

ਪੰਜਾਬ ਦੇ ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਜਲੰਧਰ ਦੇ ਗੁਲਾਬ ਦੇਵੀ ਰੋਡ 'ਤੇ ਵਗਦੀ ਨਹਿਰ 'ਤੇ 2 ਕਰੋੜ ਦੀ ਲਾਗਤ ਨਾਲ ਬਣਨ ਵਾਲੀਆਂ 2 ਨਵੀਆਂ ਪੁਲੀਆਂ ਦੇ ਨਿਰਮਾਣ ਕਾਰਜ ਦੀ

ਸ਼ੁਰੂਆਤ ਕੀਤੀ। ਇਸ ਮੌਕੇ ਮੋਹਿੰਦਰ ਭਗਤ ਨੇ ਕਿਹਾ ਕਿ ਇਨ੍ਹਾਂ ਪੁਲੀਆਂ ਦੇ ਬਣਨ ਨਾਲ ਇਲਾਕੇ ਦੇ ਲੋਕਾਂ ਦੀ ਪ੍ਰਮੁੱਖ ਮੰਗ ਪੂਰੀ ਹੋਵੇਗੀ ਤੇ ਇਥੋਂ ਆਉਣ-ਜਾਣ ਵਾਲੇ ਲੋਕਾਂ ਨੂੰ ਆਵਾਜਾਈ ਵਿੱਚ ਕਾਫੀ ਸੌਖ ਹੋਵੇਗੀ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵਿਕਾਸ ਪ੍ਰਾਜੈਕਟਾਂ ਦੀ ਗਤੀ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਉਨ੍ਹਾਂ ਸੂਬਾ ਸਰਕਾਰ ਵਲੋਂ ਹਰ ਵਰਗ ਦੀ ਭਲਾਈ ਨੂੰ ਯਕੀਨੀ ਬਣਾਉਂਦੇ ਹੋਏ ਸਰਵਪੱਖੀ ਵਿਕਾਸ ਦੀ ਵਚਨਬੱਧਤਾ ਦੁਹਰਾਈ।

---------------------------------------------------------

IPL ਕ੍ਰਿਕਟ ਵਿੱਚ ਅੱਜ ਦੋ ਮੈਚ ਖੇਡੇ ਜਾਣਗੇ। ਪਹਿਲੇ ਮੈਚ ਵਿੱਚ ਹੈਦਰਾਬਾਦ ਦੇ ਰਾਜੀਵ ਗਾਂਧੀ ਇੰਟਰਨੈਸ਼ਨਲ ਸਟੇਡੀਅਮ ਵਿੱਚ ਦੁਪਹਿਰ ਬਾਅਦ ਸਾਢੇ 3 ਵਜੇ ਸਨਰਾਈਜ਼ਰਜ਼ ਹੈਦਰਾਬਾਦ ਦਾ ਮੁਕਾਬਲਾ ਲਖਨਊ ਸੁਪਰ ਜਾਇੰਟਸ ਨਾਲ ਤੇ ਦੂਜੇ ਮੈਚ ਵਿੱਚ ਬੰਗਲੁਰੂ ਦੇ ਐਮ. ਚਿੰਨਾਸਵਾਮੀ ਸਟੇਡੀਅਮ ਵਿੱਚ ਸ਼ਾਮੀਂ ਸਾਢੇ 7 ਵਜੇ ਰਾਇਲ ਚੈਲੇਂਜਰਜ਼ ਬੰਗਲੁਰੂ ਦਾ ਮੁਕਾਬਲਾ ਚੇਨਈ ਸੁਪਰ ਕਿੰਗਜ਼ ਨਾਲ ਹੋਵੇਗਾ